ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈੱਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125,2864110

ਸ੍ਰੀਮਤੀ ਸੁਨੀਤਾ ਦੇਵੀ ਪੁੱਤਰੀ ਸ੍ਰੀ ਪ੍ਰਕਾਸ਼ ਚੰਦ,
ਵਾਸੀ ਨਿਊ ਕੋਰਟ ਰੋਡ, ਕੇਸਰ ਵਕੀਲ ਵਾਲੀ ਗਲੀ,
ਮਾਨਸਾ। ------ਸ਼ਿਕਾਇਤਕਰਤਾ

**ਬਨਾਮ**

**ਲੋਕ ਸੂਚਨਾ ਅਧਿਕਾਰੀ,**
ਸੁਪਰਡੰਟ ਜਨਰਲ ਗਰੇਡ-2,
ਦਫਤਰ: ਉਪ ਮੰਡਲ ਮੈਜਿਸਟਰੇਟ,
ਮਾਨਸਾ। ----- **ਉੱਤਰਦਾਤਾ**

ਸ਼ਿਕਾਇਤ ਕੇਸ ਨੰ:780 ਆਫ਼ 2018

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

ਹੁਕਮ:

ਅੱਜ ਪੇਸ਼ੀ ਤੇ ਦੋਵੇਂ ਧਿਰਾਂ ਵਿੱਚੋ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ।

2. ਪਿਛਲੀ ਪੇਸ਼ੀ, ਮਿਤੀ 27-11-2018 ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਗੁਰਕੀਰਤ ਸਿੰਘ ਕਲਰਕ, ਨੇ ਪੱਤਰ ਨੰ:626/ਫਲੱਡ, ਮਿਤੀ 26-11-2018 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਸ਼ਿਕਾਇਤਕਰਤਾ ਨੂੰ ਪੱਤਰ ਨੰ:622/ਫਲੱਡ, ਮਿਤੀ 31-10-2018 ਰਾਹੀਂ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਈ ਸੀ ਪਰੰਤੂ ਉਸ ਵੱਲੋਂ ਈ.ਮੇਲ ਰਾਹੀਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਕੋਈ ਵੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 21-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਜਾਂਦਾ ਹੈ। **ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 21-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 21 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹਰਵਿੰਦਰ ਸਿੰਘ ਸੰਧੂ (98151-33151)
#52, ਪ੍ਰੋਫੈਸਰ ਇਨਕਲੇਵ,
ਸਾਹਮਣੇ ਪੰਜਾਬੀ ਯੂਨੀਵਰਸਿਟੀ,
ਪਟਿਆਲਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚਾਂਸਲਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। .........ਉੱਤਰਦਾਤਾ

**ਅਪੀਲ ਕੇਸ ਨੰ:3882 ਆਫ਼ 2018**

**ਹਾਜ਼ਰ:-**

1) ਸ਼੍ਰੀ ਹਰਵਿੰਦਰ ਸਿੰਘ ਸੰਧੂ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ (98768-84444)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 21-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਨੀਲਮ ਕੁਮਾਰੀ ਪੁੱਤਰੀ ਸ਼੍ਰੀ ਅਮਰ ਨਾਥ, ਰਿਸਰਚ ਸਕਾਲਿਰ ਅਤੇ ਚਮਕੌਰ ਸਿੰਘ ਪੁੱਤਰ ਸ਼੍ਰੀ ਦੀਦਾਰ ਸਿੰਘ, ਐਮ.ਫਿਲ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਅਪੀਲਕਰਤਾ ਨੇ ਮਿਤੀ 25-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 14-11-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲ ਉਪਰੰਤ ਕਮਿਸ਼ਨ ਵੱਲੋਂ ਮਿਤੀ 05-12-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ ਨੇ ਦੱਸਿਆ ਹੈ ਕਿ ਅਪੀਲਕਰਤਾ ਵੱਲੋਂ ਹਥਲੇ ਕੇਸ ਵਿੱਚ ਪਾਈ ਗਈ ਅਪੀਲ ਨਾਲ ਬਿਲਕੁੱਲ ਮਿਲਦੀ-ਜੁਲਦੀ ਇੱਕ ਅਪੀਲ ਨੰ:3883/2018 ਸ਼੍ਰੀ ਜਤਿਨ ਅਰੋੜਾ, ਐਡਵੋਕੇਟ ਵੱਲੋਂ ਵੀ ਕਮਿਸ਼ਨ ਵਿਖੇ ਦਾਇਰ ਕਰਵਾਈ ਗਈ ਹੈ, ਜੋ ਕਿ ਅੱਜ ਇਸੇ ਬੈਂਚ ਕੋਲ ਸੁਣਵਾਈ ਲਈ ਨਿਸਚਿਤ ਹੈ। ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਤੀਜੀ ਧਿਰ ਨਾਲ ਸਬੰਧਤ ਹੈ ਅਤੇ ਇਸ ਵਿੱਚ ਕੋਈ ਲੋਕ ਹਿੱਤ ਵੀ ਨਜ਼ਰ ਨਹੀਂ ਆਉਂਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 21 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਤਿਨ ਅਰੋੜਾ, ਐਡਵੋਕੇਟ (70099-46523)
ਚੈਂਬਰ ਨੰ:115,
ਜ਼ਿਲ੍ਹਾ ਕੋਰਟ ਕੰਪਲੈਕਸ,
ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚਾਂਸਲਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। .........ਉੱਤਰਦਾਤਾ

**ਅਪੀਲ ਕੇਸ ਨੰ:3883 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਜ਼ਸਕਰਨ ਸਿੰਘ, ਐਡਵੋਕੇਟ (94630-20780)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98554-93346)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 24-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਨੀਲਮ ਕੁਮਾਰੀ ਪੁੱਤਰੀ ਸ੍ਰੀ ਅਮਰ ਨਾਥ, ਰਿਸਰਚ ਸਕਾਲਿਰ ਅਤੇ ਚਮਕੌਰ ਸਿੰਘ ਪੁੱਤਰ ਸ਼੍ਰੀ ਦੀਦਾਰ ਸਿੰਘ, ਐਮ.ਫਿਲ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਅਪੀਲਕਰਤਾ ਨੇ ਮਿਤੀ 25-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 14-11-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-12-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਦੇ ਨੁਮਾਇੰਦੇ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਸੂਚਨਾ ਦਸਤੀ ਦੇ ਦਿੱਤੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 21-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 21 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਸਪਾਲ ਸਿੰਘ,
ਪੁੱਤਰ ਸ਼੍ਰੀ ਰਾਮ ਆਸਰਾ,
ਵਾਸੀ ਪਿੰਡ ਵਾਹਿਦਪੁਰ,
ਡਾਕਖਾਨਾ ਮੋਇਲਾ ਵਾਹਿਦਪੁਰ,
ਤਹਿਸੀਲ ਗੜ੍ਹਸ਼ੰਕਰ,
ਜ਼ਿਲ੍ਹਾ ਹੁਸ਼ਿਆਰਪੁਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ। .........ਉੱਤਰਦਾਤਾ

**ਅਪੀਲ ਕੇਸ ਨੰ:3915 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਪਾਲ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ (94174-75777)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 05-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪ੍ਰਿੰਸੀਪਲ, ਬੀ.ਏ.ਐਮ. ਖਾਲਸਾ ਕਾਲਿਜ, ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਕਾਲਿਜ ਦੇ ਪੱਤਰ ਨੰ: ਬੀ.ਏ.ਐਮ.ਕੇ.ਸੀ. -6540, ਮਿਤੀ 30-06-2018 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਅਪੀਲਕਰਤਾ ਨੇ ਮਿਤੀ 14-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 15-11-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲ ਉਪਰੰਤ ਕਮਿਸ਼ਨ ਵੱਲੋਂ ਮਿਤੀ 05-12-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ ਨੇ ਪੱਤਰ ਨੰ: ਬੀ.ਏ.ਐਮ.ਕੇ.ਸੀ. /7002, ਮਿਤੀ 18-01-2019 ਪੇਸ਼ ਕਰਦੇ ਹੋਏ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਸਮੇਂ ਦੀ ਮੰਗ ਕੀਤੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-02-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 21 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹਰਦੀਪ ਸਿੰਘ,
ਪੁੱਤਰ ਸ਼੍ਰੀ ਬੂਝਾ ਸਿੰਘ,
ਵਾਸੀ ਪਿੰਡ ਭੰਮੀਆਂ,
ਡਾਕਖਾਨਾ ਤੇ ਤਹਿਸੀਲ ਗੜ੍ਹਸ਼ੰਕਰ,
ਜ਼ਿਲ੍ਹਾ ਹੁਸ਼ਿਆਰਪੁਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ। ..........ਉੱਤਰਦਾਤਾ

**ਅਪੀਲ ਕੇਸ ਨੰ:3916 ਆਫ਼ 2018**

**ਹਾਜ਼ਰ:-**

1) ਸ਼੍ਰੀ ਹਰਦੀਪ ਸਿੰਘ ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ (94174-75777)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 05-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪ੍ਰਿੰਸੀਪਲ, ਬੀ.ਏ.ਐਮ. ਖਾਲਸਾ ਕਾਲਿਜ, ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਕਾਲਿਜ ਦੇ ਪੱਤਰ ਨੰ: ਬੀ.ਏ.ਐਮ.ਕੇ.ਸੀ. -6541, ਮਿਤੀ 30-06-2018 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਅਪੀਲਕਰਤਾ ਨੇ ਮਿਤੀ 14-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 15-11-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-12-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ ਨੇ ਪੱਤਰ ਨੰ: ਬੀ.ਏ.ਐਮ.ਕੇ.ਸੀ. /7002, ਮਿਤੀ 18-01-2019 ਪੇਸ਼ ਕਰਦੇ ਹੋਏ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਸਮੇਂ ਦੀ ਮੰਗ ਕੀਤੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-02-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 21 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਅਮਿਤ ਸ਼ਰਮਾ, (98888-31235)
ਪੁੱਤਰ ਸ਼੍ਰੀ ਵਿਜੈ ਕੁਮਾਰ ਸ਼ਰਮਾ,
ਵਾਸੀ ਮਕਾਨ ਨੰ:12, ਗਲੀ ਨੰ:2,
ਅਨੰਦ ਨਗਰ, ਕਾਂਗੜਾ ਕਲੌਨੀ,
ਸੈਲੀਬ੍ਰੇਸ਼ਨ ਮਾਲ ਦੇ ਪਿਛਲੇ ਪਾਸੇ,
ਬਟਾਲਾ ਰੋਡ, ਅੰਮ੍ਰਿਤਸਰ-143001. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਵਾਈਸ ਚਾਂਸਲਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ। ..........ਉੱਤਰਦਾਤਾ

**ਅਪੀਲ ਕੇਸ ਨੰ:3940 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕਰਮਜੀਤ ਸਿੰਘ ਕਾਲਰਾ, ਰਜਿਸਟਰਾਰ (98724-56834)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 10-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਅਪੀਲਕਰਤਾ ਨੇ ਸਹਾਇਕ ਪ੍ਰੋਫੈਸਰ (ਲਾਅ) ਦੀਆਂ ਆਸਾਮੀਆਂ ਨਾਲ ਸਬੰਧਤ 17 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਅਪੀਲਕਰਤਾ ਨੇ ਮਿਤੀ 08-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 15-11-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-12-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 15-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਰਮਜੀਤ ਸਿੰਘ ਕਾਲਰਾ, ਰਜਿਸਟਰਾਰ ਨੇ ਪੱਤਰ ਨੰ:124/ਆਰ.ਟੀ.ਆਈ., ਮਿਤੀ 17-01-2019, ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਪੇਸ਼ ਕੀਤਾ ਗਿਆ ਜਵਾਬ ਤਸੱਲੀਬਖਸ਼ ਨਹੀਂ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਨੁਕਤਾ-ਵਾਰ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜ ਕੇ ਪੇਸ਼ੀ ਤੇ ਆਪਣੀ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 21-02-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 21 ਜਨਵਰੀ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਦਲਜੀਤ ਸਿੰਘ,
ਪੁੱਤਰ ਸ਼੍ਰੀ ਅਮਰ ਸਿੰਘ,
ਵਾਸੀ ਮਕਾਨ ਨੰ;171,
ਵਸੰਤ ਵਿਹਾਰ, ਸਕੀਮ ਨੰ:10,
ਹੁਸ਼ਿਆਰਪੁਰ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਮੁੱਖ ਸਕੱਤਰ,
ਪੰਜਾਬ ਸਰਕਾਰ, ਉਚੇਰੀ ਸਿੱਖਿਆ ਵਿਭਾਗ,
ਪੰਜਾਬ ਸਿਵਲ ਸਕੱਤਰੇਤ-2, ਸੈਕਟਰ-9,
ਚੰਡੀਗੜ੍ਹ। ........... ਉੱਤਰਦਾਤਾ

**ਸ਼ਿਕਾਇਤ ਕੇਸ ਨੰ:1203 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਭਵਿੱਸ਼ ਗੌਤਮ, ਐਡਵੋਕੇਟ (96413-00001)।
2) ਉੱਤਰਦਾਤਾ ਵੱਲੋਂ ਸ਼੍ਰੀ ਸੁਖਦੇਵ ਸਿੰਘ, ਸੀਨੀਅਰ ਸਹਾਇਕ (97790-74815)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-10-2018, ਲੋਕ ਸੂਚਨਾ ਅਧਿਕਾਰੀ ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ ਵਿਭਾਗ, ਪੰਜਾਬ ਸਿਵਲ ਸਕੱਤਰੇਤ-2, ਸੈਕਟਰ-9, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਗੁਰਦਰਸ਼ਨ ਸਿੰਘ ਬਰਾੜ, ਐਸੋਸੀਏਟ ਪ੍ਰੋਫੈਸਰ ਦੀ ਬਤੌਰ ਸੰਯੁਕਤ ਡਾਇਰੈਕਟਰ ਨਿਯੁਕਤੀ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 11-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੁਖਦੇਵ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:14/22/2018-5ਸਿ1/1356824/1, ਮਿਤੀ 20-11-2018 ਰਾਹੀਂ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਜਿਸ ਬਾਰੇ ਕਮਿਸ਼ਨ ਨੂੰ ਵੀ ਪੱਤਰ ਨੰ:14/22/2018-5ਸਿ1/1380651/1, ਮਿਤੀ 24-12-2018 ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਸ਼ਿਕਾਇਤਕਰਤਾ ਦੇ ਨੁਮਾਇੰਦੇ ਨੇ ਕਿਹਾ ਹੈ ਕਿ ਉਹ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 21 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਦਲਜੀਤ ਸਿੰਘ,
ਪੁੱਤਰ ਸ਼੍ਰੀ ਅਮਰ ਸਿੰਘ,
ਵਾਸੀ ਮਕਾਨ ਨੰ;171,
ਵਸੰਤ ਵਿਹਾਰ, ਸਕੀਮ ਨੰ:10,
ਹੁਸ਼ਿਆਰਪੁਰ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਮੁੱਖ ਸਕੱਤਰ,
ਪੰਜਾਬ ਸਰਕਾਰ, ਉਚੇਰੀ ਸਿੱਖਿਆ ਵਿਭਾਗ,
ਪੰਜਾਬ ਸਿਵਲ ਸਕੱਤਰੇਤ-2, ਸੈਕਟਰ-9,
ਚੰਡੀਗੜ੍ਹ। ........... ਉੱਤਰਦਾਤਾ

**ਸ਼ਿਕਾਇਤ ਕੇਸ ਨੰ:1204 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਭਵਿੱਸ਼ ਗੌਤਮ, ਐਡਵੋਕੇਟ (96413-00001)।
2) ਉੱਤਰਦਾਤਾ ਵੱਲੋਂ ਸ਼੍ਰੀ ਸੁਖਦੇਵ ਸਿੰਘ, ਸੀਨੀਅਰ ਸਹਾਇਕ (97790-74815)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-10-2018, ਲੋਕ ਸੂਚਨਾ ਅਧਿਕਾਰੀ ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ ਵਿਭਾਗ, ਪੰਜਾਬ ਸਿਵਲ ਸਕੱਤਰੇਤ-2, ਸੈਕਟਰ-9, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵਿਭਾਗੀ ਤਰੱਕੀ ਕਮੇਟੀ ਦੀ ਮੀਟਿੰਗ, ਮਿਤੀ 12-05-2016 ਅਤੇ 24-09-2017 ਦੇ ਏਜੰਡੇ ਨਾਲ ਸਬੰਧਤ ਦਸਤਾਵੇਜ਼ਾਂ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 11-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੁਖਦੇਵ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:14/19/2018-5ਸਿ1/1360027/1, ਮਿਤੀ 27-11-2018 ਰਾਹੀਂ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਜਿਸ ਬਾਰੇ ਕਮਿਸ਼ਨ ਨੂੰ ਵੀ ਪੱਤਰ ਨੰ:14/19/2018-5ਸਿ1/563, ਮਿਤੀ 24-12-2018 ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਸ਼ਿਕਾਇਤਕਰਤਾ ਦੇ ਨੁਮਾਇੰਦੇ ਨੇ ਕਿਹਾ ਹੈ ਕਿ ਉਹ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 21-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂ

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 21 ਜਨਵਰੀ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125,2864110

ਸ਼੍ਰੀ ਨਿਰਮਲ ਸਿੰਘ ਪੁੱਤਰ ਸ.ਨਛੱਤਰ ਸਿੰਘ ਧਾਲੀਵਾਲ,
ਪਿੰਡ ਤੇ ਡਾਕ ਬੜੂੰਦੀ , ਤਹਿਸੀਲ ਰਾਇਕੋਟ,
ਜਿਲ੍ਹਾ ਲੁਧਿਆਣਾ - 141205 ------**ਅਪੀਲਕਰਤਾ**

**ਬਨਾਮ**

**ਲੋਕ ਸੂਚਨਾ ਅਧਿਕਾਰੀ,**
ਦਫਤਰ ਬੀ.ਡੀ.ਪੀ.ਓ., ਪਖੋਵਾਲ,
ਲੁਧਿਆਣਾ।

**ਪਹਿਲੀ ਅਪੀਲੀ ਅਥਾਰਟੀ,**
ਦਫਤਰ: ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ,
ਲੁਧਿਆਣਾ। ----- **ਉੱਤਰਦਾਤਾ**

**ਅਪੀਲ ਕੇਸ ਨੰ: 2415 ਆਫ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀ।
2) ਉੱਤਰਦਾਤਾ ਵੱਲੋਂ ਕੋਈ ਨਹੀ।

ਹੁਕਮ:

ਪਿਛਲੀ ਪੇਸ਼ੀ, ਮਿਤੀ 17-10-2018 ਤੇ ਉੱਤਰਦਾਤਾ ਵਲੋਂ ਹਾਜ਼ਰ ਸ਼੍ਰੀ ਹਰਪ੍ਰੀਤ ਸਿੰਘ, ਵਿਲੇਜ ਡਿਵੈਲਪਮੈਂਟ ਅਫਸਰ (ਵੀ.ਡੀ.ਓ.) ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਲੈ ਕੇ ਹਾਜ਼ਰ ਹੋਏ ਸੀ ਪਰੰਤੂ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਸੀ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜ਼ ਦਿੱਤੀ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਸ ਕੇਸ ਦੀ ਅਗਲੀ ਸੁਣਵਾਈ ਦੀ ਮਿਤੀ 27.11.2018 ਨੂੰ ਸਵੇਰੇ 11-30 ਵਜੇ ਲਈ ਨਿਸ਼ਚਿਤ ਕੀਤੀ ਗਈ ਸੀ। ਪਰੰਤੂ ਪੇਸ਼ੀ, ਮਿਤੀ, 27-11-2018 ਤੇ ਉੱਤਰਦਾਤਾ ਵੱਲੋਂ ਕੋਈ ਵੀ ਪੇਸ਼ ਨਹੀਂ ਹੋਇਆ ਸੀ ਅਤੇ ਨਾ ਹੀ ਅਪੀਲਕਰਤਾ ਨੂੰ ਸੂਚਨਾ ਭੇਜਣ ਬਾਰੇ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਕਮਿਸ਼ਨ ਦੇ ਹੁਕਮ, ਮਿਤੀ 17-10-2018 ਦੀ ਪਾਲਣਾ ਨਾ ਕਰਨ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 21-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵੇਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਆਪਣੀ ਗੈਰ-ਹਾਜ਼ਰੀ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸੂਚਨਾ ਦੇਣ ਸਬੰਧੀ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਥਿਤੀ ਸਪੱਸ਼ਟ ਕੀਤੀ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 21-02-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂ

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 21 **ਜਨਵਰੀ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਅੰਕਿਤ ਜੈਨ, (95017-60987)
ਪੁੱਤਰ ਸ਼੍ਰੀ ਯਸ਼ਪਾਲ ਜੈਨ,
#1006, ਮੋਰਨੀ ਵਾਲਾ ਖੂਹ,
ਡੇਰਾ ਬੱਸੀ, ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ,
ਜ਼ੀਰਕਪੁਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪੰਜਾਬ,
ਪਟਿਆਲਾ। .......... ਉੱਤਰਦਾਤਾ

**ਅਪੀਲ ਕੇਸ ਨੰ:2445 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਬਿਲਡਿੰਗ ਇੰਸਪੈਕਟਰ (98149-26881)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-01-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਜ਼ੀਰਕਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਚੰਡੀਗੜ੍ਹ-ਅੰਬਾਲਾ ਹਾਈਵੇਅ ਦੇ ਨੇੜੇ ਨਗਰ ਕੌਂਸਿਲ ਦੇ ਸਾਹਮਣੇ ਬਣੇ ਮਾਇਆ ਗਾਰਡਨ ਮੈਗਨੀਸੀਆ ਦੇ ਦਫ਼ਤਰ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 29-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 19-09-2018 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 16-10-2018 ਤੇ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ,2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ

ਚਲਦਾ---ਪੰਨਾ/2

**ਅਪੀਲ ਕੇਸ ਨੰ:2445 ਆਫ਼ 2018**

ਜਾਵੇ ਅਤੇ ਪੇਸ਼ੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 27-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 27-11-2018 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਕੋਈ ਵੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ। ਉੱਤਰਦਾਤਾ ਵੱਲੋਂ ਪਿਛਲੀ ਪੇਸ਼ੀ ਤੇ ਵੀ ਕੋਈ ਹਾਜ਼ਰ ਨਹੀਂ ਹੋਇਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ,2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 21-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਪ੍ਰੀਤ ਸਿੰਘ, ਬਿਲਡਿੰਗ ਇੰਸਪੈਕਟਰ ਨੇ ਅਪੀਲਕਰਤਾ ਨੂੰ ਸੰਬੋਧਿਤ ਕੀਤਾ ਗਿਆ ਪੱਤਰ ਨੰ:149, ਮਿਤੀ 18-01-2019 ਸਮੇਤ ਪੋਸਟਲ ਰਸੀਦ, ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਨੂੰ ਮਿਤੀ 21-01-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ ਵੱਲੋਂ ਪੱਤਰ ਨੰ:148, ਮਿਤੀ 18-01-2019 ਰਾਹੀਂ ਪਿਛਲੀਆਂ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਦੇ ਹੋਏ ਅੱਗੇ ਤੋਂ ਨਗਰ ਕੌਂਸਿਲ ਵੱਲੋਂ ਅਜਿਹੀ ਅਣਗਹਿਲੀ ਨਾ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਦੋਵੇਂ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਅਤੇ ਪਿਛਲੀਆਂ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਪੇਸ਼ ਕੀਤੇ ਗਏ ਸਪੱਸ਼ਟੀਕਰਣ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 21 ਜਨਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗੁਰਦੀਪ ਸਿੰਘ ਢੀਂਗੀ, (98153-44346)
ਪੁੱਤਰ ਸ਼੍ਰੀ ਹਰਨਾਮ ਸਿੰਘ,
ਵਾਸੀ ਬਲਾਕ ਨੰ:1,
ਮਕਾਨ ਨੰ:390,
ਧਰਮਪੁਰਾ ਮੁਹੱਲਾ, ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮਾਜਰੀ, ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ.ਵਧੀਕ ਡਿਪਟੀ ਕਮਿਸ਼ਨਰ (ਵਿਕਾਸ),
ਮੁਹਾਲੀ।

**(ਰਜਿਸਟਰਡ)** ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ-
ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ
ਪੰਚਾਇਤ ਅਫਸਰ, ਮਾਜਰੀ। .......... ਉੱਤਰਦਾਤਾ

**ਅਪੀਲ ਕੇਸ ਨੰ:2469 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-04-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ 01-04-2012 ਤੋਂ 31-03-2018 ਤੱਕ ਵਣ ਵਿਭਾਗ, ਸਿਸਵਾਂ ਨਾਲ ਸਬੰਧਤ ਨਰੇਗਾ ਮਜ਼ਦਰਾਂ ਦੇ ਮਸਟਰੋਲਾਂ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2018 ਨੂੰ ਪਹਿਲੀ ਸੁਣਵਾਈ ਮਿਤੀ 19-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 16-10-2018 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ। ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ

ਚਲਦਾ---ਪੰਨਾ/2

ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ, ਜ਼ਿਲ੍ਹਾ ਮੁਹਾਲੀ ਵੱਲੋਂ ਹਾਜ਼ਰ ਸ਼੍ਰੀ ਰਵਿੰਦਰ ਸਿੰਘ, ਐਸ.ਈ.ਪੀ.ਓ.ਬਲਾਕ ਮਾਜਰੀ ਨੇ ਪੱਤਰ ਨੰ:683, ਮਿਤੀ 02-05-2018 ਅਤੇ ਪੱਤਰ ਨੰ:1927, ਮਿਤੀ 12-09-2018 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਵਣ ਵਿਭਾਗ ਨਾਲ ਹੋਣ ਕਾਰਨ ਅਪੀਲਕਰਤਾ ਦਾ ਬਿਨੈ-ਪੱਤਰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਵਣ ਰੇਂਜ ਅਫਸਰ ਸਿਸਵਾਂ, ਜ਼ਿਲ੍ਹਾ ਮੁਹਾਲੀ ਨੂੰ ਤਬਦੀਲ ਕੀਤਾ ਜਾ ਚੁੱਕਾ ਹੈ ਅਤੇ ਇਸ ਬਾਰੇ ਅਪੀਲਕਰਤਾ ਨੂੰ ਵੀ ਸੂਚਿਤ ਕੀਤਾ ਜਾ ਚੁੱਕਾ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਸਨ। ਇਸ ਕਰਕੇ ਲੋਕ ਸੂਚਨਾ ਅਧਿਕਾਰੀ ਦਫਤਰ ਵਣ ਰੇਂਜ ਅਫਸਰ ਸਿਸਵਾਂ, ਜ਼ਿਲ੍ਹਾ ਮੁਹਾਲੀ ਨੂੰ ਉੱਤਰਦਾਤਾ ਨੰ:3 ਵਜੋਂ ਪਾਰਟੀ ਬਨਾਉਣ ਲਈ ਅਪੀਲਕਰਤਾ ਦੀ ਆਰ.ਟੀ.ਆਈ. ਦੀ ਕਾਪੀ ਸਹਿਤ ਨੋਟਿਸ ਜਾਰੀ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 26-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 26-11-2018 ਤੇ ਫਿਰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ। ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ, ਜ਼ਿਲ੍ਹਾ ਮੁਹਾਲੀ ਵੱਲੋਂ ਵੀ ਕੋਈ ਹਾਜ਼ਰ ਨਹੀਂ ਹੋਇਆ ਸੀ।

4. ਉੱਤਰਦਾਤਾ, ਵਣ ਵਿਭਾਗ ਵੱਲੋਂ ਹਾਜ਼ਰ ਸ਼੍ਰੀ ਜੈ ਸਿੰਘ, ਵਣ ਬਲਾਕ ਅਫਸਰ, ਇੰਚਾਰਜ, ਮਿਰਜਾਪੁਰ ਬਲਾਕ ਨੇ ਆਪਣੇ ਲਿਖਤੀ ਬਿਆਨ ਰਾਹੀਂ ਕਮਿਸ਼ਨ ਨੂੰ ਦੱਸਿਆ ਸੀ ਕਿ ਅਪੀਲਕਰਤਾ ਵੱਲੋਂ ਨਰੇਗਾ ਸਕੀਮ ਅਧੀਨ ਸੂਚਨਾ ਮੰਗੀ ਗਈ ਹੈ ਅਤੇ ਇਹ ਸੂਚਨਾ ਵਣ ਵਿਭਾਗ ਨਾਲ ਸਬੰਧਤ ਨਹੀਂ ਹੈ ਕਿਉਂਕਿ ਨਰੇਗਾ ਸਕੀਮ ਅਧੀਨ ਜ਼ੋ ਮਸਟਰੋਲ ਜਾਰੀ ਕੀਤੇ ਜਾਂਦੇ ਹਨ ਉਸ ਉੱਤੇ ਮਜ਼ਦੂਰ ਦਾ ਨਾਂ, ਜੋਬਕਾਰਡ ਨੰਬਰ ਅਤੇ ਪਿੰਡ ਦਾ ਨਾਂ ਪਹਿਲਾਂ ਹੀ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦੇ ਸਬੰਧਤ ਸਟਾਫ਼ ਵੱਲੋਂ ਲਿਖੇ ਹੁੰਦੇ ਹਨ। ਵਣ ਵਿਭਾਗ ਦੇ ਸਬੰਧਤ ਵਣ ਗਾਰਡ ਵੱਲੋਂ ਸਿਰਫ ਉਸ ਮਸਟਰੋਲ ਉੱਤੇ ਮਜ਼ਦੂਰ ਦੀ ਹਾਜ਼ਰੀ ਲਗਾਈ ਜਾਂਦੀ ਹੈ ਅਤੇ ਆਪਣੇ ਹਸਤਾਖਰ ਕਰਨ ਤੋ ਬਾਅਦ ਉਹ ਮਸਟਰੋਲ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦੇ ਮਨਰੇਗਾ ਬ੍ਰਾਂਚ ਨੂੰ ਵਾਪਸ ਕਰ ਦਿੱਤੇ ਜਾਂਦੇ ਹਨ। ਉਨ੍ਹਾਂ ਵੱਲੋਂ ਹੀ ਮਸਟਰੋਲ ਦੀ ਆਨ ਲਾਈਨ ਪੇਮੈਂਟ ਕੀਤੀ ਜਾਂਦੀ ਹੈ। ਇਸ ਲਈ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦਫਤਰ ਵੱਲੋਂ ਦੇਣੀ ਬਣਦੀ ਹੈ।

5. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਲੋਕ ਸੂਚਨਾ ਅਧਿਕਾਰੀ, ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,ਮਾਜਰੀ, ਜ਼ਿਲ੍ਹਾ ਮੁਹਾਲੀ ਅਤੇ ਲੋਕ ਸੂਚਨਾ ਅਧਿਕਾਰੀ, ਦਫਤਰ ਵਣ ਰੇਂਜ ਅਫਸਰ ਸਿਸਵਾਂ, ਵਣ ਵਿਭਾਗ, ਵਣ ਕੰਪਲੈਕਸ, ਜ਼ਿਲ੍ਹਾ ਮੁਹਾਲੀ ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 21-01-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

6. ਅੱਜ ਫਿਰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ, ਦਫ਼ਤਰ ਬਲਾਕ ਵਿਕਾਸ ਤੇ

ਚਲਦਾ---ਪੰਨਾ/3

ਪੰਚਾਇਤ ਅਫਸਰ,ਮਾਜਰੀ, ਜ਼ਿਲ੍ਹਾ ਮੁਹਾਲੀ ਅਤੇ ਲੋਕ ਸੂਚਨਾ ਅਧਿਕਾਰੀ, ਦਫਤਰ ਵਣ ਰੇਂਜ ਅਫਸਰ ਸਿਸਵਾਂ, ਵਣ ਵਿਭਾਗ, ਵਣ ਕੰਪਲੈਕਸ, ਜ਼ਿਲ੍ਹਾ ਮੁਹਾਲੀ, ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਏ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

7. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ ਅਤੇ ਸ਼੍ਰੀ ਗੁਰਅਮਨਪ੍ਰੀਤ ਸਿੰਘ, ਲੋਕ ਸੂਚਨਾ ਅਧਿਕਾਰੀ ਦਫਤਰ ਵਣ ਵਿਭਾਗ, ਵਣ ਕੰਪਲੈਕਸ, ਜ਼ਿਲ੍ਹਾ ਮੁਹਾਲੀ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤੇ ਜਾਂਦੇ ਹਨ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀਆਂ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 21-02-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 21 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

**(ਰਜਿਸਟਰਡ)** ਸ਼੍ਰੀ ਗੁਰਅਮਨਪ੍ਰੀਤ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫਤਰ ਵਣ ਵਿਭਾਗ, ਵਣ ਕੰਪਲੈਕਸ,
ਸੈਕਟਰ-68,
ਜ਼ਿਲ੍ਹਾ ਮੁਹਾਲੀ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com)  FaX:0172^2864125,2864110

ਸ਼੍ਰੀ ਅਜਮੇਲ ਸਿੰਘ, (94176-47043)
ਪੁੱਤਰ ਸ਼੍ਰੀ ਸੁਰਜੀਤ ਸਿੰਘ,
ਵਾਸੀ ਪਿੰਡ ਸੰਗਤਪੁਰਾ,
ਤਹਿਸੀਲ ਜਗਰਾਓਂ,
ਜ਼ਿਲ੍ਹਾ ਲੁਧਿਆਣਾ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਜਗਰਾਓਂ, ਜ਼ਿਲ੍ਹਾ ਲੁਧਿਆਣਾ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:808 ਆਫ਼ 2018**

**ਹਾਜ਼ਰ:-**

1) ਸ਼੍ਰੀ ਅਜਮੇਲ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਜ਼ਸਵਿੰਦਰ ਸਿੰਘ, ਸੁਪਰਡੰਟ (97800-33633)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋ ਹਾਜ਼ਰ ਸ਼੍ਰੀ ਜ਼ਸਵਿੰਦਰ ਸਿੰਘ, ਸੁਪਰਡੰਟ ਨੇ ਪੱਤਰ ਨੰ:135, ਮਿਤੀ 18-01-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਉਨ੍ਹਾਂ ਕੋਲ ਉਪਲਬਧ ਸਾਰੀ ਸੂਚਨਾ ਸ਼ਿਕਾਇਤਕਰਤਾ ਨੂੰ ਮੁਹੱਈਆ ਕੀਤੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਦੇ ਰੱਖ ਲਿਆ ਗਿਆ ਹੈ। ਪਰੰਤੂ ਸ਼ਿਕਾਇਤਕਰਤਾ ਵੱਲੋਂ ਕਿਹਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਸਹੀ/ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਮਿਤੀ 20-06-2018 ਸਬੰਧੀ ਸੂਚਨਾ ਦੇਣ ਬਾਰੇ ਸਥਿਤੀ ਪੂਰੀ ਤਰ੍ਹਾਂ ਸਪੱਸ਼ਟ ਨਹੀਂ ਕਰ ਸਕਿਆ। ਇਸ ਕਰਕੇ ਹਾਜ਼ਰ ਉੱਤਰਦਾਤਾ ਨੂੰ ਵਿਸਥਾਰ-ਪੂਰਵਕ ਸਪੱਸ਼ਟ ਜਵਾਬ ਪੇਸ਼ ਕਰਨ ਲਈ ਹਦਾਇਤ ਕੀਤੀ ਜਾਂਦੀ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 23-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 21 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਓਮ ਪ੍ਰਕਾਸ਼ ਸ਼ਰਮਾ, (94637-86486)
ਪੁੱਤਰ ਸ਼੍ਰੀ ਜਗਨ ਨਾਥ,
ਮੰਡੀ ਹਰਜੀ ਰਾਮ,
ਗਲੀ ਪੰਡਿਤ ਜਗਨ ਨਾਥ ਵਾਲੀ,
ਮਲੋਟ-152107.
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ,
ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ।

(ਰਜਿਸਟਰਡ) ਸ਼੍ਰੀਮਤੀ ਗੁਰਦੀਪ ਕੌਰ,
ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ,
ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:855 ਆਫ਼ 2018**

**ਹਾਜ਼ਰ:-**

1) ਸ਼੍ਰੀ ਓਮ ਪ੍ਰਕਾਸ਼ ਸ਼ਰਮਾ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-06-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੈਨਸ਼ਨ ਦੀ ਸੋਧ ਲਈ ਆਪਣੀ ਸੇਵਾ-ਪੱਤਰੀ ਦੀ ਕਾਪੀ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 26-11-2018 ਤੇ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਇੱਕ ਪੱਤਰ, ਮਿਤੀ 14-11-2018 ਪ੍ਰਾਪਤ ਹੋਇਆ ਸੀ ਜਿਸ ਰਾਹੀਂ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਦੀ ਰਿਵਾਈਜ਼ਡ ਪੈਨਸ਼ਨ ਕੇਸ ਤੇ ਕੀਤੀ ਗਈ ਕਾਰਵਾਈ ਦਾ ਜ਼ਿਕਰ ਕੀਤਾ ਗਿਆ ਸੀ ਹੈ ਅਤੇ ਦੱਸਿਆ ਗਿਆ ਸੀ ਕਿ ਮਿਤੀ 09-11-2018 ਨੂੰ ਰਿਵਾਈਜ਼ਡ ਪੈਨਸ਼ਨ ਦੇ ਹੁਕਮ ਪਾਸ ਹੋ ਗਏ ਸਨ ਜਿਸ ਦੀ ਕਾਪੀ ਸ਼ਿਕਾਇਤਕਰਤਾ ਨੂੰ ਵੀ ਭੇਜੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਵੱਲੋਂ ਆਪਣੀ ਆਰ.ਟੀ.ਆਈ. ਅਰਜ਼ੀ ਰਾਹੀਂ ਕੇਵਲ ਆਪਣੀ ਸੇਵਾ-ਪੱਤਰੀ ਦੀ ਕਾਪੀ ਮੰਗੀ ਗਈ

ਚਲਦਾ---ਪੰਨਾ/2

**ਸ਼ਿਕਾਇਤ ਕੇਸ ਨੰ:855 ਆਫ਼ 2018**

ਸੀ। ਇਸ ਕਰਕੇ ਉੱਤਰਦਾਤਾ ਵੱਲੋਂ ਭੇਜਿਆ ਗਿਆ ਉੱਤਰ ਆਰ.ਟੀ.ਆਈ. ਦੇ ਅਨੁਕੂਲ ਨਹੀਂ ਪਇਆ ਗਿਆ ਸੀ ਅਤੇ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਗੁੰਮਰਾਹ ਕਰਨ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।

3. ਅੱਜ ਫਿਰ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਿਹਾ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

4. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀਮਤੀ ਗੁਰਦੀਪ ਕੌਰ, ਲੋਕ ਸੂਚਨਾ ਅਧਿਕਾਰੀ, ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਸ਼ਿਕਾਇਤਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਸ਼ਿਕਾਇਤਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 20-02-2019 ਨੂੰ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 21 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਮਿਸ. ਚਸ਼ਮਿੰਦਰ ਕੌਰ, (96466-00131)
ਪੁੱਤਰੀ ਸ਼੍ਰੀ ਗੁਰਵਿੰਦਰ ਸਿੰਘ,
825, ਅਨੰਦ ਨਗਰ-ਏ,
ਪਟਿਆਲਾ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਐਸ.ਏ.ਐਸ. ਨਗਰ (ਮੁਹਾਲੀ)। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:927 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਉਸ ਦਾ ਭਰਾ ਸ਼੍ਰੀ ਮਨਦੀਪ ਸਿੰਘ(85579-01456)।
2) ਉੱਤਰਦਾਤਾ ਵੱਲੋਂ ਸ਼੍ਰੀ ਅੰਮ੍ਰਿਤ ਕੇ. ਸਮਰਾ ਸਹਾਇਕ ਪ੍ਰੋਫੈਸਰ (98034-16800) ਸਮੇਤ ਸ਼੍ਰੀ ਨਿਖਿਲ ਬੱਤਾ, ਐਡਵੋਕੇਟ (98141-14155)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਦੇ ਨੁਮਾਇੰਦੇ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅੰਮ੍ਰਿਤ ਕੇ. ਸਮਰਾ, ਸਹਾਇਕ ਪ੍ਰੋਫੈਸਰ ਸੂਚਨਾ ਲੈ ਕੇ ਆਏ ਪਰੰਤੂ ਉਸ ਤੇ ਕੋਈ ਕਵਰਿੰਗ ਪੱਤਰ ਨਹੀਂ ਲੱਗਿਆ ਹੋਇਆ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋ ਕਵਰਿੰਗ ਪੱਤਰ ਸਹਿਤ ਸੂਚਨਾ ਪੇਸ਼ ਕਰਨ ਲਈ ਸਮੇਂ ਦੀ ਮੰਗ ਕੀਤੀ ਹੈ। ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 21 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਮਿਸ. ਚਸ਼ਮਿੰਦਰ ਕੌਰ, (96466-00131)
ਪੁੱਤਰੀ ਸ਼੍ਰੀ ਗੁਰਵਿੰਦਰ ਸਿੰਘ,
825, ਅਨੰਦ ਨਗਰ-ਏ,
ਪਟਿਆਲਾ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਮਹਿੰਦਰਾ ਕਾਲਿਜ,
ਪਟਿਆਲਾ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1066 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਉਸ ਦਾ ਭਰਾ ਸ਼੍ਰੀ ਮਨਦੀਪ ਸਿੰਘ(85579-01456)।
2) ਉੱਤਰਦਾਤਾ ਵੱਲੋਂ ਸ਼੍ਰੀ ਅੰਮ੍ਰਿਤ ਕੇ. ਸਮਰਾ ਸਹਾਇਕ ਪ੍ਰੋਫੈਸਰ (98034-16800) ਸਮੇਤ ਸ਼੍ਰੀ ਨਿਖਿਲ ਬੱਤਾ, ਐਡਵੋਕੇਟ (98141-14155)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਦੇ ਨੁਮਾਇੰਦੇ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅੰਮ੍ਰਿਤ ਕੇ. ਸਮਰਾ, ਸਹਾਇਕ ਪ੍ਰੋਫੈਸਰ ਸੂਚਨਾ ਲੈ ਕੇ ਆਏ ਪਰੰਤੂ ਉਸ ਤੇ ਕੋਈ ਕਵਰਿੰਗ ਪੱਤਰ ਨਹੀਂ ਲੱਗਿਆ ਹੋਇਆ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋ ਕਵਰਿੰਗ ਪੱਤਰ ਸਹਿਤ ਸੂਚਨਾ ਪੇਸ਼ ਕਰਨ ਲਈ ਸਮੇਂ ਦੀ ਮੰਗ ਕੀਤੀ ਹੈ। ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 21 ਜਨਵਰੀ, 2019.**